# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 25-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਨੇ ਦੁਨੀਆ ਭਰ ਵਿੱਚ ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ ਨਵਾਂ ਉਤਸ਼ਾਹ ਭਰਿਆ ਏ । ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਸ੍ਰੀ ਮੋਦੀ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਹਥਿਆਰਬੰਦ ਬਲਾਂ ਦੇ ਸਾਹਸ ਦੀ ਤਾਰੀਫ਼ ਕੀਤੀ। ਉਨ੍ਹਾਂ ਨੇ ਫੌਜ ਵੱਲੋਂ ਸਰਹੱਦ ਪਾਰ ਦਹਿਸ਼ਤਗਰਦ ਟਿਕਾਣਿਆਂ ਨੂੰ ਤਬਾਹ ਕਰਨ ਦੀ ਸਟੀਕਤਾ ਨੂੰ ਵੀ ਸਲਾਹਿਆ. ਉਨ੍ਹਾਂ ਕਿਹਾ ਕਿ ਅੱਜ ਪੂਰਾ ਦੇਸ਼ ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ ਇੱਕਜੁੱਟ ਅਤੇ ਵਚਨਬੱਧ ਏ । ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਸਿਰਫ਼ ਇੱਕ ਫੌਜੀ ਮਿਸ਼ਨ ਨਹੀਂ, ਸਗੋਂ ਰਾਸ਼ਟਰ ਦੇ ਅਹਿਦ ਅਤੇ ਹਿੰਮਤ ਦਾ ਪ੍ਰਤੀਕ ਏ । ਉਨ੍ਹਾਂ ਕਿਹਾ ਕਿ ਇਸ ਨੇ ਪੂਰੇ ਦੇਸ਼ ਨੂੰ ਦੇਸ਼ ਭਗਤੀ ਦੀ ਭਾਵਨਾ ਨਾਲ ਭਰ ਦਿੱਤਾ- ***BYTE -***

ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਦੇ ਕਈ ਸ਼ਹਿਰਾਂ, ਛੋਟੇ ਕਸਬਿਆਂ ਅਤੇ ਪਿੰਡਾਂ ਵਿੱਚ ਤਿਰੰਗਾ ਯਾਤਰਾਵਾਂ ਕਢੀਆਂ ਗਈਆਂ ਜਿਹਨਾਂ ਵਿੱਚ ਹਜ਼ਾਰਾਂ ਲੋਕਾਂ ਨੇ ਹਿੱਸਾ ਲਿਆ ਤੇ ਦੇਸ਼ ਦੇ ਹਥਿਆਰਬੰਦ ਬਲਾਂ ਦੇ ਸਨਮਾਨ ਵਿੱਚ ਤਿਰੰਗਾ ਲਹਿਰਾਇਆ। ਕਈ ਸ਼ਹਿਰਾਂ ਵਿੱਚ, ਵੱਡੀ ਗਿਣਤੀ ਵਿੱਚ ਨੌਜਵਾਨ ਸਿਵਲ ਡਿਫੈਂਸ ਵਲੰਟੀਅਰਾਂ ਵਜੋਂ ਇਕੱਠੇ ਹੋਏ। ਸ਼੍ਰੀ ਮੋਦੀ ਨੇ ਕਿਹਾ ਕਿ ਇਹ ਜਨਤਕ ਹਿੱਸੇਦਾਰੀ, ਭਾਰਤ ਦੀ ਅਸਲ ਤਾਕਤ ਏ । ਪ੍ਰਧਾਨ ਮੰਤਰੀ ਨੇ ਸਾਰਿਆਂ ਨੂੰ ਦੇਸ਼ ਵਿੱਚ ਬਣੇ ਉਤਪਾਦਾਂ ਨੂੰ ਤਰਜੀਹ ਦੇਣ ਦੀ ਵੀ ਅਪੀਲ ਕੀਤੀ। 21 ਜੂਨ ਨੂੰ ਮਨਾਏ ਜਾਣ ਵਾਲੇ ਅੰਤਰਰਾਸ਼ਟਰੀ ਯੋਗ ਦਿਵਸ ਬਾਰੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦਿਨ ਸਾਨੂੰ ਯੋਗ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਸ਼ਾਮਲ ਕਰਨ ਦੀ ਯਾਦ ਦਿਵਾਉਂਦਾ ਏ । ਸ਼੍ਰੀ ਮੋਦੀ ਨੇ ਲੋਕਾਂ ਨੂੰ ਇਸ ਵਾਰ ਵੀ ਯੋਗ ਦਿਵਸ ਦਿਲਚਸਪ ਢੰਗ ਨਾਲ ਮਨਾਉਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮਧੂ-ਮੱਖੀਆਂ ਦੀ ਸੰਭਾਲ ਚੁਗਿਰਦੇ ਦੇ ਨਾਲ-ਨਾਲ ਦੇਸ਼ ਦੀ ਖੇਤੀਬਾੜੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਸੰਭਾਲ ਏ। ਉਨ੍ਹਾਂ ਕਿਹਾ ਕਿ ਕੁਝ ਸਟਾਰਟ-ਅੱਪ ਹੁਣ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਡਿਜੀਟਲ ਤਕਨਾਲੋਜੀ ਰਾਹੀਂ ਸ਼ਹਿਦ ਦੀ ਗੁਣਵੱਤਾ ਨੂੰ ਪ੍ਰਮਾਣਿਤ ਕਰ ਰਹੇ ਨੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ, ਇਨ੍ਹਾਂ ਸ਼ਹਿਦ ਉੱਦਮੀਆਂ ਵਲੋਂ ਬਣਾਏ ਗਏ ਸ਼ਹਿਦ ਨੂੰ ਅਜ਼ਮਾਉਣ। ਸ਼੍ਰੀ ਮੋਦੀ ਨੇ

ਸਾਰੀਆਂ ਨੂੰ ਸਥਾਨਕ ਕਿਸਾਨਾਂ ਅਤੇ ਔਰਤ ਉੱਦਮੀਆਂ ਤੋਂ ਸ਼ਹਿਦ ਖਰੀਦਣ ਲਈ ਕਿਹਾ।

--------------------------------------------------------------------------------

ਪਠਾਨਕੋਟ ਵਿੱਚ ਔਰਤਾਂ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਭਾਰਤੀ ਫੌਜ ਦੀ ਬਹਾਦਰੀ ਦਾ ਸਨਮਾਨ ਕਰਨ ਲਈ ਸਿੰਦੂਰ ਸ਼ੌਰਿਆ ਯਾਤਰਾ ਦਾ ਆਯੋਜਨ ਕੀਤਾ। ਇਸ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ, ਸਕੂਲੀ ਬੱਚਿਆਂ ਅਤੇ ਐਨ.ਸੀ.ਸੀ. ਕੈਡਿਟਾਂ ਨੇ ਹਿੱਸਾ ਲਿਆ। ਭਾਰਤ ਮਾਤਾ ਦੀ ਜੈ, ਭਾਰਤੀ ਫੌਜ ਜ਼ਿੰਦਾਬਾਦ ਅਤੇ ਨਾਰੀ ਸ਼ਕਤੀ ਜ਼ਿੰਦਾਬਾਦ ਵਰਗੇ ਨਾਅਰਿਆਂ ਨਾਲ ਗੂੰਜਦਾ ਇਹ ਮਾਰਚ ਚਿਲਡਰਨ ਪਾਰਕ ਤੋਂ ਸ਼ੁਰੂ ਹੋਇਆ ਅਤੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਲੰਘਦਾ ਹੋਇਆ ਵਾਪਸ ਇੱਥੇ ਆ ਕੇ ਸਮਾਪਤ ਹੋਇਆ। ਫੌਜ ਦੇ ਮਹਿਲਾ ਕੈਪਟਨ ਰੁਚਾ ਇਸ ਯਾਤਰਾ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਆਪ੍ਰੇਸ਼ਨ ਸਿੰਦੂਰ ਦੌਰਾਨ ਫੌਜ ਦੇ ਹਰ ਤਰ੍ਹਾਂ ਦੇ ਸਮਰਥਨ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਵਿਰੋਧੀ ਤਾਕਤਾਂ ਦਾ ਮੁਕਾਬਲਾ ਕਰਨ ਲਈ ਸਾਨੂੰ ਆਪਣੀਆਂ ਕਦਰਾਂ-ਕੀਮਤਾਂ ਦੀ ਰਾਖੀ ਕਰਨੀ ਪਵੇਗੀ ਅਤੇ ਬੁਰਾਈਆਂ ਨੂੰ ਖਤਮ ਕਰਨ ਲਈ ਇੱਕਜੁੱਟ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਅੱਜ ਔਰਤਾਂ ਕਿਸੇ ਤੋਂ ਘੱਟ ਨਹੀਂ ਹਨ।

---------------------------------------------------------------------------------

ਚੋਣ ਕਮਿਸ਼ਨ ਨੇ ਅੱਜ ਗੁਜਰਾਤ, ਕੇਰਲ, ਪੰਜਾਬ ਅਤੇ ਪੱਛਮੀ ਬੰਗਾਲ ਦੇ ਪੰਜ ਵਿਧਾਨ ਸਭਾ ਹਲਕਿਆਂ ਲਈ ਜ਼ਿਮਨੀ ਚੋਣਾਂ ਦਾ ਐਲਾਨ ਕੀਤਾ ਏ। ਜ਼ਿਮਨੀ ਚੋਣਾਂ ਲਈ ਨੋਟੀਫਿਕੇਸ਼ਨ ਕੱਲ੍ਹ ਜਾਰੀ ਕੀਤਾ ਜਾਵੇਗਾ ਅਤੇ ਨਾਮਜ਼ਦਗੀਆਂ ਅਗਲੇ ਮਹੀਨੇ ਦੀ 2 ਤਰੀਕ ਤੱਕ ਦਾਖਲ ਕੀਤੀਆਂ ਜਾ ਸਕਦੀਆਂ ਨੇ, ਜਿਹਨਾਂ ਦੀ ਜਾਂਚ 3 ਜੂਨ ਨੂੰ ਹੋਵੇਗੀ। ਉਮੀਦਵਾਰੀ ਵਾਪਸ ਲੈਣ ਦੀ ਤਰੀਕ 5 ਜੂਨ ਏ। ਵੋਟਾਂ 19 ਜੂਨ ਨੂੰ ਪੈਣਗੀਆਂ ਜਦੋਂ ਕਿ ਗਿਣਤੀ 23 ਜੂਨ ਨੂੰ ਹੋਵੇਗੀ। ਪੰਜਾਬ ‘ਚ ਮੌਜੂਦਾ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੀ ਮੌਤ ਕਾਰਨ ਲੁਧਿਆਣਾ ਪੱਛਮੀ ਸੀਟ 'ਤੇ ਜ਼ਿਮਨੀ ਚੋਣ ਹੋਣੀ ਏ।

---------------------------------------------------------------------------------

ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਮੌਕੇ ਕੱਲ੍ਹ ਪੰਜਾਬ ਭਰ ਵਿਚ ਵੱਖ-ਵੱਖ ਥਾਵਾਂ ਤੇ ਸਮਾਗਮ ਕਰਵਾਏ ਗਏ। ਇਸੇ ਤਹਿਤ ਖੰਨਾ ਵਿਖੇ ਏ.ਐਸ.ਮਾਡਰਨ ਸਕੂਲ ਵਿਚ ਕਰਵਾਏ ਸਮਾਗਮ ਦੌਰਾਨ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਭਾਰਤ ਦੇ ਸਭ ਤੋਂ ਨੌਜਵਾਨ ਕ੍ਰਾਂਤੀਕਾਰੀ ਸਨ ਜਿਨ੍ਹਾਂ ਨੇ ਮਹਿਜ਼ 19 ਸਾਲ ਦੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰ

ਦਿੱਤੀ ਸੀ। ਉਨ੍ਹਾਂ ਕਿਹਾ ਕਿ ਇੰਨੀ ਛੋਟੀ ਉਮਰ ਵਿਚ ਸ਼ਹੀਦ ਹੋਣ ਵਾਲੇ ਕਰਤਾਰ ਸਿੰਘ ਸਰਾਭਾ ਆਪਣੇ ਦੇਸ਼ ਲਈ ਨਿਰਸਵਾਰਥ ਸੇਵਾ ਨਿਭਾਉਣ ਵਾਸਤੇ ਨੌਜਵਾਨ ਪੀੜ੍ਹੀਆਂ ਲਈ ਸਦੀਆਂ ਤੋਂ ਪ੍ਰੇਰਨਾ ਦਾ ਸਰੋਤ ਬਣੇ ਹੋਏ ਨੇ। ਉਧਰ ਬੀ.ਜੇ.ਪੀ. ਲੁਧਿਆਣਾ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ 'ਤੇ ਭਾਈ ਬਾਲਾ ਚੌਂਕ ਵਿਖੇ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਇੱਕ ਸਮਾਗਮ ਕੀਤਾ ਗਿਆ। ਇਸ ਮੌਕੇ ਬੀ.ਜੇ.ਪੀ. ਦੇ ਰਾਸ਼ਟਰੀ ਉਪ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਦੀ ਬਹੁਤ ਮਹੱਤਵਪੂਰਨ ਭੂਮਿਕਾ ਏ।

-----------------------------------------------------------------------------

ਪੰਜਾਬ ਵਿਚ ਸ਼ਨੀਵਾਰ ਸ਼ਾਮ ਆਏ ਤੂਫਾਨ ਤੇ ਮੀਂਹ ਕਾਰਨ ਭਾਰੀ ਨੁਕਸਾਨ ਹੋਇਆ ਏ। ਤੂਫਾਨ ਕਾਰਨ ਕਈ ਥਾਵਾਂ ’ਤੇ ਦਰੱਖਤ ਜੜ੍ਹੋਂ ਪੁੱਟੇ ਗਏ ਤੇ ਬਿਜਲੀ ਦੇ ਖੰਭੇ ਵੀ ਡਿੱਗ ਗਏ ਜਿਨ੍ਹਾਂ ਹੇਠ ਆ ਕੇ ਬਹੁਤ ਸਾਰੇ ਵਾਹਨ ਵੀ ਨੁਕਸਾਨੇ ਗਏ। ਬਿਜਲੀ ਸਪਲਾਈ ਵੀ ਪ੍ਰਭਾਵਿਤ ਹੋਈ ਤੇ ਕਈ ਇਲਾਕਿਆਂ ਵਿਚ ਪੂਰੀ ਰਾਤ ਬਿਜਲੀ ਨਹੀਂ ਆਈ ਤੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ।

----------------------------------------------------------------------------------------

ਬੀਤੇ ਕੱਲ੍ਹ ਪੰਜਾਬ ਭਰ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਰਾਜ ਦੇ ਸਾਰੇ ਜ਼ਿਲ੍ਹਿਆ ਅਤੇ ਸਬ-ਡਵੀਜ਼ਨਾਂ ਵਿੱਚ ਕੁੱਲ 442 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ ਕੁੱਲ 5 ਲੱਖ 40 ਹਜ਼ਾਰ 873 ਕੇਸ ਲਗਾਏ ਗਏ ਜਿਨ੍ਹਾਂ ਵਿੱਚੋਂ ਕੁੱਲ 4 ਲੱਖ 81 ਹਜ਼ਾਰ 324 ਕੇਸਾਂ ਦਾ ਨਿਪਟਾਰਾ ਮੌਕੇ ਤੇ ਕੀਤਾ ਗਿਆ ਅਤੇ ਕੁੱਲ 442 ਕਰੋੜ ਰੁਪਏ ਦੇ ਅਵਾਰਡ ਨਿਪਟਾਰੇ ਦੀ ਰਕਮ ਵਜੋਂ ਪਾਸ ਕੀਤੇ ਗਏ। ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਰਾਹੀਂ ਰਾਜ ਭਰ ਵਿੱਚ ਲੰਮੇ ਸਮੇਂ ਤੋਂ ਚੱਲ ਰਹੇ ਹਜ਼ਾਰਾਂ ਕੇਸ ਆਪਸੀ ਸਹਿਮਤੀ ਨਾਲ ਨਿਪਟਾਏ ਗਏ ਅਤੇ ਇਸ ਤਰ੍ਹਾਂ ਇਹ ਲੋਕ ਅਦਾਲਤ ਕੇਸਾਂ ਦਾ ਬੇਲੋੜਾ ਭਾਰ ਘਟਾਉਣ ਵਿੱਚ ਕਾਫੀ ਕਾਰਾਗਾਰ ਸਾਬਿਤ ਹੋਈ। ਇਸ ਮੌਕੇ ਪੰਜਾਬ ਰਾਜ ਕਾਨੂੰਨੀ ਸੇਵਾਵਾ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਦੀਪਕ ਸਿੱਬਲ ਨੇ ਰਾਜ ਭਰ ਦੇ ਨਿਆਇਕ ਅਧਿਕਾਰੀਆਂ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆ ਅਤੇ ਵਲੰਟੀਅਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।